# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ :05-02-2026**

ਕੇਂਦਰੀ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਅੱਜ ਨਵੀਂ ਦਿੱਲੀ ਵਿੱਚ ਭਾਰਤ ਦੇ ਪਹਿਲੇ ਸਹਿਕਾਰੀ ਰਾਈਡ-ਹੇਲਿੰਗ ਪਲੇਟਫਾਰਮ, ਭਾਰਤ ਟੈਕਸੀ ਦੀ ਸ਼ੁਰੂਆਤ ਕਰਨਗੇ। ਇਹ ਸਹਿਕਾਰੀ ਖੇਤਰ ਨੂੰ ਮਜ਼ਬੂਤ ਕਰਨ ਅਤੇ ਦੇਸ਼ ਵਿੱਚ ਸਮਾਵੇਸ਼ੀ, ਨਾਗਰਿਕ-ਕੇਂਦ੍ਰਿਤ ਆਵਾਜਾਈ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੋਵੇਗਾ। ਸਹਿਕਾਰਤਾ ਮੰਤਰਾਲੇ ਨੇ ਕਿਹਾ ਏ ਕਿ ਇਹ ਪਲੇਟਫਾਰਮ ਡਰਾਈਵਰਾਂ, ਜਿਸਨੂੰ ਸਾਰਥੀ ਕਿਹਾ ਜਾਂਦਾ ਏ , ਨੂੰ ਮਾਲਕੀ, ਸੰਚਾਲਨ ਅਤੇ ਮੁੱਲ ਸਿਰਜਣ ਦੇ ਕੇਂਦਰ ਵਿੱਚ ਰੱਖੇਗਾ। ਭਾਰਤ ਟੈਕਸੀ ਜ਼ੀਰੋ ਕਮਿਸ਼ਨ ਅਤੇ ਬਿਨਾਂ ਕਿਸੇ ਵਾਧੂ ਖਰਚੇ ਦੇ ਇੱਕ ਕੀਮਤ ਮਾਡਲ 'ਤੇ ਕੰਮ ਕਰੇਗੀ, ਜਿਸਦਾ ਡਰਾਈਵਰਾਂ ਨੂੰ ਸਿੱਧਾ ਲਾਭ ਹੋਵੇਗਾ। ਮੰਤਰਾਲੇ ਨੇ ਕਿਹਾ ਕਿ ਭਾਰਤ ਟੈਕਸੀ ਸਿਹਤ ਬੀਮਾ, ਦੁਰਘਟਨਾ ਬੀਮਾ, ਸੇਵਾਮੁਕਤੀ ਬੱਚਤ, ਅਤੇ ਇੱਕ ਸਮਰਪਿਤ ਡਰਾਈਵਰ ਸਹਾਇਤਾ ਪ੍ਰਣਾਲੀ ਰਾਹੀਂ ਸਮਾਜਿਕ

ਸੁਰੱਖਿਆ ਨੂੰ ਤਰਜੀਹ ਦਿੰਦੀ ਏ । ਮੰਤਰਾਲੇ ਨੇ ਕਿਹਾ ਕਿ ਬਾਈਕ ਦੀਦੀ ਵਰਗੀਆਂ ਪਹਿਲਕਦਮੀਆਂ ਲਾਗੂ ਕੀਤੀਆਂ ਜਾ ਰਹੀਆਂ ਨੇ , ਜਿਸ ਦੇ ਤਹਿਤ ਹੁਣ ਤੱਕ 150 ਤੋਂ ਵੱਧ ਮਹਿਲਾ ਡਰਾਈਵਰ ਭਾਰਤ ਟੈਕਸੀ ਵਿੱਚ ਸ਼ਾਮਲ ਹੋ ਚੁੱਕੀਆਂ ਨੇ ।

-----------------------------------------------------------

ਪੰਜਾਬ ਸਰਕਾਰ ਨੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਦੇ ਹਿੱਸੇ ਵਜੋਂ ਸੂਬੇ ਦੇ ਨੌਜਵਾਨਾਂ ਲਈ ਪੂੰਜੀ ਨਿਵੇਸ਼ ਨੂੰ ਨੌਕਰੀਆਂ ਵਿੱਚ ਤਬਦੀਲ ਕਰਨ 'ਤੇ ਧਿਆਨ ਕੇਂਦਰਿਤ ਕਰਦਿਆਂ ਨਿਵੇਸ਼ ਮੁਹਿੰਮ ਹੋਰ ਤੇਜ਼ ਕੀਤੀ। ਮੁੰਬਈ ਨਿਵੇਸ਼ ਰੋਡ ਸ਼ੋਅ ਦੇ ਦੂਜੇ ਦਿਨ ਕੱਲ ਉੱਚ-ਪੱਧਰੀ ਮੀਟਿੰਗਾਂ ਤੋਂ ਲੈ ਕੇ ਵਿੱਤੀ ਵਿਚਾਰ-ਵਟਾਂਦਰਾ ਕਰਦੇ ਹੋਏ ਪੰਜਾਬ ਸਰਕਾਰ ਨੇ ਲਘੂ ਅਤੇ ਛੋਟੇ ਉਦਯੋਗਾਂ ਨੂੰ ਹੋਰ ਮਜ਼ਬੂਤ ਕਰਨ ਅਤੇ ਇਨ੍ਹਾਂ ਨੂੰ ਵੱਡੇ ਉੱਦਮਾਂ ਵਿੱਚ ਤਬਦੀਲ ਕਰਨ ਯੋਗ ਬਣਾਉਣ ਤੋਂ ਲੈ ਕੇ ਨਿਰਮਾਣ, ਲੌਜਿਸਟਿਕਸ ਅਤੇ ਉੱਭਰ ਰਹੇ ਖੇਤਰਾਂ ਵਿੱਚ ਆਲਮੀ ਨਿਵੇਸ਼ ਕਰਨ ਵਾਲਿਆਂ ਲਈ ਅਨੇਕਾਂ ਸੰਭਾਵਨਾਵਾਂ ਦੀ ਲੜੀ ਪੇਸ਼ ਕੀਤੀ। ਵਫ਼ਦ ਨੇ ਸਨਾਤਨ ਟੈਕਸਟਾਈਲ ਅਤੇ ਮਹਿੰਦਰਾ ਗਰੁੱਪ ਸਮੇਤ ਪ੍ਰਮੁੱਖ ਉਦਯੋਗ ਸਮੂਹਾਂ ਨਾਲ ਉੱਚ-ਪੱਧਰੀ ਮੀਟਿੰਗਾਂ ਨਾਲ ਕੀਤੀ, ਜਿੱਥੇ ਕਪੜਾ ਉਦਯੋਗ , ਆਟੋਮੋਟਿਵ, ਖੇਤੀ ਉਪਕਰਣ, ਰੱਖਿਆ ਨਿਰਮਾਣ ਅਤੇ ਸਪਲਾਈ-ਚੇਨ ਏਕੀਕਰਨ ਵਿੱਚ ਸੰਭਾਵਿਤ ਮੌਕਿਆਂ 'ਤੇ ਕੇਂਦਰਿਤ

ਚਰਚਾ ਕੀਤੀ ਗਈ। ਇਨ੍ਹਾਂ ਮੀਟਿੰਗਾਂ ਦੌਰਾਨ ਨਵੇਂ ਨਿਵੇਸ਼ਾਂ ਦੇ ਨਾਲ-ਨਾਲ ਪੰਜਾਬ ਵਿੱਚ ਮੌਜੂਦਾ ਕਾਰਜਾਂ ਦੇ ਵਿਸਥਾਰ , ਹੁਨਰਮੰਦ ਕਾਰਜਬਲ, ਉਦਯੋਗਿਕ ਬੁਨਿਆਦੀ ਢਾਂਚੇ ਅਤੇ ਨੀਤੀ ਸਥਿਰਤਾ ਦਾ ਲਾਭ ਉਠਾਉਣ ਦੀਆਂ ਸੰਭਾਵਨਾਵਾਂ ਦੀ ਪੜਚੋਲ ਵੀ ਕੀਤੀ ਗਈ।

---------------------------------------------------------------

ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪੰਜਾਬ ਸਖੀ ਸ਼ਕਤੀ ਮੇਲਾ ਪਿੰਡ ਪੱਧਰੀ ਮਹਿਲਾ ਸਵੈ-ਸਹਾਇਤਾ ਸਮੂਹਾਂ ਅਤੇ ਮਹਿਲਾ ਉੱਦਮੀਆਂ ਨੂੰ ਸਰਕਾਰੀ ਪੱਧਰ ‘ਤੇ ਬਾਜ਼ਾਰ ਦਾ ਮਜ਼ਬੂਤ ਮੰਚ ਮੁਹੱਈਆ ਕਰਵਾਉਣ ਦਾ ਸਾਧਨ ਏ । ਕੱਲ ਮੋਹਾਲੀ ਵਿਖੇ ਪੰਜਾਬ ਸਖੀ ਸ਼ਕਤੀ ਮੇਲੇ ਦੀ ਸ਼ੁਰੂਆਤ ਕਰਦਿਆਂ ਉਨ੍ਹਾਂ ਕਿਹਾ ਕਿ ਸਵੈ-ਸਹਾਇਤਾ ਸਮੂਹਾਂ ਵੱਲੋਂ ਉੱਚ ਗੁਣਵੱਤਾ ਵਾਲੇ, ਜੈਵਿਕ ਅਤੇ ਰਵਾਇਤੀ ਉਤਪਾਦ ਤਿਆਰ ਕੀਤੇ ਜਾਂਦੇ ਨੇ , ਪਰ ਵੱਡੇ ਪੱਧਰ ‘ਤੇ ਮਾਰਕੀਟਿੰਗ ਦੇ ਮੌਕੇ ਨਾ ਮਿਲਣ ਕਾਰਨ ਉਨ੍ਹਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਏ । ਉਨ੍ਹਾਂ ਦੱਸਿਆ ਕਿ ਇਸ ਲਈ ਪੰਜਾਬ ਰਾਜ ਦਿਹਾਤੀ ਅਜੀਵਿਕਾ ਮਿਸ਼ਨ ਵੱਲੋਂ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਅਧੀਨ, ਉਦਯੋਗ ਅਤੇ ਵਪਾਰ ਵਿਭਾਗ ਦੇ ਸਹਿਯੋਗ ਨਾਲ ਅਜਿਹੇ ਮੇਲੇ ਆਯੋਜਿਤ ਕੀਤੇ ਜਾ ਰਹੇ ਨੇ । ਸਾਡੇ ਪੱਤਰਕਾਰ ਨੇ ਦਸਿਆ ਕਿ ਮੇਲੇ ਵਿੱਚ ਵੱਡੀ ਗਿਣਤੀ ਵਿੱਚ ਮੌਜੂਦ ਪਰਿਵਾਰਾਂ,

ਮਹਿਲਾਵਾਂ, ਨੌਜਵਾਨਾਂ ਅਤੇ ਸਵੈ-ਸਹਾਇਤਾ ਸਮੂਹਾਂ ਦੀ ਭਾਗੀਦਾਰੀ ਨੇ ਇਸ ਨੂੰ ਹੋਰ ਵੀ ਯਾਦਗਾਰ ਬਣਾ ਦਿੱਤਾ। ਜ਼ਿਕਰਯੋਗ ਏ ਕਿ ਇਹ ਮੇਲਾ 10 ਫਰਵਰੀ ਤੱਕ ਜਾਰੀ ਰਹੇਗਾ ।

--------------------------------------------------------------

ਲੁਧਿਆਣਾ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਬੀਤੇ ਕਲ ਸਵਾਮੀ ਵਿਵੇਕਾਨੰਦ ਚੈਰੀਟੇਬਲ ਹਸਪਤਾਲ ਵਿਖੇ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਸਿਹਤ ਚੈਅਕੱਪ ਅਤੇ ਜਾਗਰੂਕਤਾ ਕੈਂਪ ਲਗਾਇਆ ਗਿਆ । ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਰਿੰਦਰ ਸਿੰਘ ਟਿਵਾਣਾ ਨੇ ਦੱਸਿਆ ਕਿ ਕੈਂਪ ਵਿੱਚ 950 ਤੋਂ ਵੱਧ ਭਾਗੀਦਾਰਾਂ ਦੀ ਆਮਦ ਦੇਖਣ ਨੂੰ ਮਿਲੀ । ਕੁੱਲ 620 ਬਜ਼ੁਰਗਾਂ ਨੇ ਮੁਫ਼ਤ ਓ.ਪੀ.ਡੀ ਸਲਾਹ-ਮਸ਼ਵਰੇ ਦਾ ਲਾਭ ਉਠਾਇਆ, ਜਦੋਂ ਕਿ 120 ਲਾਭਪਾਤਰੀਆਂ ਨੇ ਆਯੂਸ਼ ਦਵਾਈਆਂ ਪ੍ਰਾਪਤ ਕੀਤੀਆਂ। ਉਨ੍ਹਾਂ ਦੱਸਿਆ ਕਿ ਬਜ਼ੁਰਗ ਨਾਗਰਿਕਾਂ 'ਤੇ ਵਿਸ਼ੇਸ਼ ਧਿਆਨ ਦਿੰਦਿਆਂ 12 ਪੈਨਸ਼ਨ ਅਰਜ਼ੀ ਫਾਰਮਾਂ ਦੀ ਪ੍ਰਕਿਰਿਆ ਕੀਤੀ ਗਈ, 30 ਸੀਨੀਅਰ ਸਿਟੀਜ਼ਨ ਕਾਰਡ ਜਾਰੀ ਕੀਤੇ ਗਏ। ਇਸ ਕੈਂਪ ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਹੀਂ 10 ਕਾਨੂੰਨੀ ਸਹਾਇਤਾ ਪ੍ਰਦਾਨ ਕਰਨ ਲਈ ਸਹੂਲਤ ਵੀ ਦਿੱਤੀ ਅਤੇ 70 ਮੈਂਬਰਾਂ ਨੂੰ ਸਵੈ-ਸਹਾਇਤਾ ਸਮੂਹਾਂ ਬਾਰੇ ਮਾਰਗ-ਦਰਸ਼ਨ ਪ੍ਰਦਾਨ ਕੀਤਾ। ਉਨ੍ਹਾਂ ਕਿਹਾ ਕਿ ਕੈਂਪ ਨੇ ਸਿਹਤ, ਕਾਨੂੰਨੀ, ਵਿੱਤੀ ਅਤੇ

ਤੰਦਰੁਸਤੀ ਸੇਵਾਵਾਂ ਨੂੰ ਸਿੱਧੇ ਤੌਰ 'ਤੇ ਭਾਈਚਾਰੇ ਤੱਕ ਪਹੁੰਚਾਇਆ ਜਿਸ ਨਾਲ ਖੇਤਰ ਦੇ ਸੀਨੀਅਰ ਨਾਗਰਿਕਾਂ ਅਤੇ ਹੋਰ ਯੋਗ ਸਮੂਹਾਂ ਲਈ ਪਹੁੰਚ ਨੂੰ ਕਾਫ਼ੀ ਆਸਾਨ ਬਣਾਇਆ ਗਿਆ।

---------------------------------------------------------------

ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਤਹਿਤ, ਮੇਰਾ ਯੁਵਾ ਭਾਰਤ ਚੰਡੀਗੜ੍ਹ ਨੇ ਮੇਰਾ ਯੁਵਾ ਭਾਰਤ  ਬਜਟ ਕੁਐਸਟ 2026 ਜਾਰੀ ਕੀਤਾ ਏ । ਇਹ ਇੱਕ ਨੌਜਵਾਨਾਂ 'ਤੇ ਕੇਂਦ੍ਰਿਤ ਰਾਸ਼ਟਰ-ਵਿਆਪੀ  ਪਹਿਲ ਏ , ਜਿਸ ਦਾ ਉਦੇਸ਼ ਵਿਕਸਿਤ ਭਾਰਤ ਬਜਟ 2026 ਬਾਰੇ ਜਾਗਰੂਕਤਾ ਅਤੇ ਸਾਰਥਕ ਸੰਵਾਦ ਨੂੰ ਉਤਸ਼ਾਹਿਤ ਕਰਨਾ ਏ । ਇਹ ਕੁਇਜ਼ ਹੁਣ ਮੇਰਾ ਯੁਵਾ ਭਾਰਤ ਪੋਰਟਲ 'ਤੇ ਲਾਇਵ ਏ । ਚੰਡੀਗੜ੍ਹ ਦੇ ਨੌਜਵਾਨ mybharat.gov.in/quiz 'ਤੇ ਜਾ ਕੇ ਜਾਂ ਅਧਿਕਾਰਿਤ ਪੋਸਟਰਾਂ 'ਤੇ ਉਪਲਬਧ ਕਿਊਆਰ (QR) ਕੋਡ ਨੂੰ ਸਕੈਨ ਕਰਕੇ  ਇਸ ਵਿੱਚ ਹਿੱਸਾ ਲੈ ਸਕਦੇ ਨੇ । ਹਿੱਸਾ ਲੈਣ ਦੀ ਆਖਰੀ ਤਰੀਕ 17 ਫਰਵਰੀ ਏ । ਇਹ ਪਹਿਲ ਤਿੰਨ-ਗੇੜਾਂ ਵਿੱਚ ਆਯੋਜਿਤ ਕੀਤੀ ਜਾਵੇਗੀ। ਪਹਿਲੇ ਗੇੜਾ  ਵਿੱਚ ਕੇਂਦਰੀ ਬਜਟ 2026 'ਤੇ ਅਧਾਰਿਤ ਇੱਕ ਰਾਸ਼ਟਰ-ਵਿਆਪੀ ਔਨਲਾਇਨ ਕੁਇਜ਼ ਹੋਵੇਗਾ। ਇਸ ਵਿੱਚ ਸ਼ਾਰਟਲਿਸਟ ਕੀਤੇ ਗਏ ਪ੍ਰਤੀਭਾਗੀ ਦੂਜੇ ਗੇੜਾਂ ਵਿੱਚ ਇੱਕ ਨਿਰਧਾਰਿਤ ਥੀਮ 'ਤੇ ਇੱਕ ਲੇਖ ਪੋਰਟਲ ਦੇ ਜ਼ਰੀਏ ਜਮ੍ਹਾਂ ਕਰਾਉਣਗੇ। ਅੰਤਿਮ ਗੇੜਾਂ

ਵਿੱਚ ਸ਼ਾਰਟਲਿਸਟ ਕੀਤੇ ਗਏ ਨੌਜਵਾਨਾਂ ਨੂੰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਜੀ ਨਾਲ ਇੱਕ ਵਿਸ਼ੇਸ਼ ਸੰਵਾਦ ਦਾ ਅਵਸਰ ਪ੍ਰਦਾਨ ਕੀਤਾ ਜਾਵੇਗਾ। ਜ਼ਿਲ੍ਹਾ ਯੁਵਾ ਅਧਿਕਾਰੀ ਵਿਨੈ ਕੁਮਾਰ ਨੇ ਕਿਹਾ ਕਿ ਇਹ ਮੰਚ ਚੰਡੀਗੜ੍ਹ ਦੇ ਨੌਜਵਾਨਾਂ ਨੂੰ ਬਜਟ ਨੂੰ ਸਮਝਣ ਅਤੇ ਵਿਕਸਿਤ ਭਾਰਤ ਦੇ ਵਿਜ਼ਨ ਵਿੱਚ ਸਰਗਰਮ ਯੋਗਦਾਨ ਦੇਣ ਲਈ ਸਸ਼ਕਤ ਬਣਾਉਂਦਾ ਏ। ਉਨ੍ਹਾਂ ਵਿਦਿਆਰਥੀਆਂ, ਯੂਥ ਵਲੰਟੀਅਰਾਂ ਅਤੇ ਸੰਸਥਾਵਾਂ ਨੂੰ ਵੱਡੀ ਗਿਣਤੀ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ ।

---------------------------------------------------------------

ਗੁਰਦਾਸਪੁਰ 'ਚ ਸਕੂਲ ਆਫ਼ ਐਮੀਨੈਸ ਦੇ ਖਿਡਾਰੀਆਂ ਨੇ 69ਵੀਆਂ ਰਾਸ਼ਟਰੀ ਸਕੂਲ ਖੇਡਾਂ ਜੂਡੋ ਅਤੇ ਕਰਾਸ ਵਿੱਚ ਤਮਗੇ ਜਿੱਤ ਕੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਏ। ਪ੍ਰਿੰਸੀਪਲ ਅਨਿਲ ਭੱਲਾ ਅਤੇ ਸ਼ਹੀਦ ਭਗਤ ਸਿੰਘ ਜੂਡੋ ਟ੍ਰੇਨਿੰਗ ਸੈਂਟਰ ਗੁਰਦਾਸਪੁਰ ਦੇ ਸੰਚਾਲਕ ਅਮਰਜੀਤ ਸ਼ਾਸਤਰੀ ਨੇ ਤਮਗੇ ਜਿੱਤਣ ਵਾਲੇ ਖਿਡਾਰੀਆਂ ਦਾ ਸਕੂਲ ਪੁੱਜਣ 'ਤੇ ਸਵਾਗਤ ਕੀਤਾ। ਪ੍ਰਿੰਸੀਪਲ ਅਨਿਲ ਭੱਲਾ ਨੇ ਕਿਹਾ ਕਿ ਸਕੂਲ ,ਖਿਡਾਰੀਆਂ ਦੀ ਬਿਹਤਰੀ ਲਈ ਹਮੇਸ਼ਾ ਤਿਆਰ ਏ । ਜੂਡੋ, ਬਾਸਕਟਬਾਲ, ਕਰਾਟੇ , ਵਾਲੀਵਾਲ, ਬੈਡਮਿੰਟਨ ਖੇਡਾਂ ਦੇ ਗਰਾਉਂਡ ਬਣਾਏ ਗਏ ਨੇ । ਬਿਹਤਰੀਨ ਅਧਿਆਪਨ ਸਟਾਫ਼ ਦੀ ਮਦਦ ਨਾਲ ਬੱਚਿਆਂ ਦਾ ਸਰਵਪੱਖੀ ਵਿਕਾਸ ਕੀਤਾ ਜਾ ਰਿਹਾ ਏ ।

ਜੂਡੋ ਕੋਚ ਅਮਰਜੀਤ ਸ਼ਾਸਤਰੀ ਨੇ ਦੱਸਿਆ ।

BYTE:RNU050226

PTC-BITTU